# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੁਵੈਤ ਦੇ ਦੋ ਦਿਨਾਂ ਇਤਿਹਾਸਕ ਦੌਰੇ 'ਤੇ ਉਥੇ ਪਹੁੰਚ ਗਏ ਨੇ.
- ਉਪ-ਰਾਸ਼ਟਰਪਤੀ ਸ਼੍ਰੀ ਜਗਦੀਪ ਧਨਖੜ ਨੇ ਅੱਜ ਚੰਡੀਗੜ੍ਹ ਵਿੱਚ ਪੰਜਾਬ ਯੂਨੀਵਰਸਿਟੀ ਦੀ 5ਵੀਂ ਗਲੋਬਲ ਐਲੂਮਨੀ ਮੀਟ 2024 ਦੇ ਉਦਘਾਟਨੀ ਸਮਾਗਮ ਦੀ ਪ੍ਰਧਾਨਗੀ ਕੀਤੀ।
- ਗੁਆਂਢੀ ਸੂਬੇ, ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਉੱਘੇ ਸਿਆਸੀ ਨੇਤਾ, ਓਮ ਪ੍ਰਕਾਸ਼ ਚੌਟਾਲਾ, ਦਾ ਅੱਜ ਉਨ੍ਹਾਂ ਦੇ ਜੱਦੀ ਜ਼ਿਲ੍ਹੇ ਸਿਰਸਾ ਦੇ ਪਿੰਡ ਤੇਜਾ ਖੇੜਾ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ ।
- ਪੰਜਾਬ ਵਿਚ ਅੱਜ ਪੰਜ ਨਗਰ ਨਿਗਮਾਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ 500 ਤੋਂ ਵੱਧ ਵਾਰਡਾਂ ਦੀਆਂ ਚੋਣਾਂ ਵਾਸਤੇ ਵੋਟਾਂ ਪਾਈਆਂ ਗਈਆਂ ।

- ਮੌਸਮ ਵਿਭਾਗ ਨੇ ਸੋਮਵਾਰ ਤੱਕ, ਪੰਜਾਬ 'ਚ ਗੰਭੀਰ ਸੀਤ ਲਹਿਰ ਦੇ ਹਾਲਾਤ ਦੀ ਪੇਸ਼ੀਨਗੋਈ ਕੀਤੀ ਏ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੁਵੈਤ ਵਿਖੇ ਦੋ ਦਿਨਾਂ ਇਤਿਹਾਸਕ ਦੌਰੇ ਦੀ ਸ਼ੁਰੂਆਤ ਕੀਤੀ। ਉਨ੍ਹਾਂ ਦੇ ਪਹੁੰਚਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਹਵਾਈ ਅੱਡੇ 'ਤੇ ਕੁਵੈਤ ਦੇ ਪਹਿਲੇ ਉਪ ਪ੍ਰਧਾਨ ਮੰਤਰੀ ਸ਼ੇਖ ਫਹਾਦ ਯੂਸਫ ਸਾਊਦ ਅਲ-ਸਬਾਹ ਅਤੇ ਕਈ ਹੋਰ ਮੰਤਰੀਆਂ ਅਤੇ ਪਤਵੰਤਿਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਯਾਤਰਾ ਵੱਖ-ਵੱਖ ਖੇਤਰਾਂ ਵਿੱਚ ਭਾਰਤ-ਕੁਵੈਤ ਦੋਸਤੀ ਨੂੰ ਮਜ਼ਬੂਤ ਕਰੇਗੀ । ਇਹ 43 ਸਾਲਾਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਖਾੜੀ ਦੇਸ਼ ਦੀ ਪਹਿਲੀ ਯਾਤਰਾ ਏ । ਕੁਵੈਤ ਦੇ ਅਮੀਰ ਸ਼ੇਖ ਮੇਸ਼ਲ ਅਲ-ਅਹਿਮਦ ਅਲ-ਜਾਬਰ ਅਲ-ਸਬਾਹ ਦੇ ਸੱਦੇ 'ਤੇ ਇਸ ਦੌਰੇ ਦਾ ਉਦੇਸ਼ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਧਾਉਣਾ ਏ । ਪ੍ਰਧਾਨ ਮੰਤਰੀ ਨੂੰ ਕੁਵੈਤ ਦੇ ਅਮੀਰ ਅਤੇ ਵਲੀ ਅਹਿਦ ਨਾਲ ਉੱਚ ਪੱਧਰੀ ਮੀਟਿੰਗਾਂ ਕਰਨ ਤੋਂ

ਪਹਿਲਾਂ ਬਾਯਾਨ ਪੈਲੇਸ ਵਿਖੇ ਰਸਮੀ ਗਾਰਡ ਆਫ਼ ਆਨਰ ਪ੍ਰਦਾਨ ਕੀਤਾ ਜਾਏਗਾ. ਬਾਅਦ ਵਿੱਚ, ਸ਼੍ਰੀ ਮੋਦੀ ਸ਼ੇਖ ਸਾਦ ਅਲ ਅਬਦੁੱਲਾ ਸਪੋਰਟਸ ਕੰਪਲੈਕਸ ਵਿੱਚ 'ਅਹਲਾਨ ਮੋਦੀ' ਕਮਿਊਨਿਟੀ ਪ੍ਰੋਗਰਾਮ ਵਿੱਚ ਪ੍ਰਵਾਸੀ ਭਾਰਤੀਆਂ ਨਾਲ ਮੁਲਾਕਾਤ ਕਰਨਗੇ। ਉਹ ਕੁਵੈਤ ਦੇ ਅਮੀਰ ਦੇ ਵਿਸ਼ੇਸ਼ ਮਹਿਮਾਨ ਵਜੋਂ 26ਵੇਂ ਅਰਬੀ ਖਾੜੀ ਕੱਪ ਦੇ ਉਦਘਾਟਨੀ ਸਮਾਰੋਹ ਵਿੱਚ ਵੀ ਸ਼ਾਮਿਲ ਹੋਣਗੇ. ਆਪਣੇ ਵਿਦਾਇਗੀ ਬਿਆਨ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਕੁਵੈਤ ਦੇ ਨਾਲ ਇਤਿਹਾਸਕ ਸਬੰਧਾਂ ਦੀ ਕਾਫੀ ਕਦਰ ਕਰਦਾ ਏ। ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ ਨਾ ਸਿਰਫ਼ਮਜ਼ਬੂਤ ਵਪਾਰ ਅਤੇ ਊਰਜਾ ਹਿੱਸੇਦਾਰਨੇ, ਸਗੋਂ ਪੱਛਮੀ ਏਸ਼ੀਆ ਖੇਤਰ ਵਿੱਚ ਸ਼ਾਂਤੀ, ਸੁਰੱਖਿਆ, ਸਥਿਰਤਾ ਅਤੇ ਖੁਸ਼ਹਾਲੀ ਵਿੱਚ ਵੀ ਸਾਂਝੇ ਹਿੱਤ ਰੱਖਦੇ ਨੇ.

------------------------------------------------------------------------

ਉਪ-ਰਾਸ਼ਟਰਪਤੀ ਸ਼੍ਰੀ ਜਗਦੀਪ ਧਨਖੜ ਨੇ ਅੱਜ ਚੰਡੀਗੜ੍ਹ ਵਿੱਚ ਪੰਜਾਬ ਯੂਨੀਵਰਸਿਟੀ ਦੀ 5ਵੀਂ ਗਲੋਬਲ ਐਲੂਮਨੀ ਮੀਟ 2024 ਦੇ ਉਦਘਾਟਨੀ ਸਮਾਗਮ ਦੀ ਪ੍ਰਧਾਨਗੀ ਕੀਤੀ।

ਉਨ੍ਹਾਂ ਨੇ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀਆਂ ਨੂੰ ਕਿਹਾ ਕਿ ਜਦੋਂ ਦੇਸ਼ ਹਿੱਤ ਦੀ ਗੱਲ ਆਉਂਦੀ ਏ ਤਾਂ ਸਾਨੂੰ ਪੱਖਪਾਤੀ ਰੁਖ ਨਹੀਂ ਅਪਣਾਉਣਾ ਚਾਹੀਦਾ ਸਗੋਂ ਰਾਸ਼ਟਰਵਾਦ ਤੋਂ ਹੀ ਸੇਧ ਲੈਣੀ ਚਾਹੀਦੀ ਏ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਅਜਿਹੇ ਲੋਕਾਂ ਤੋਂ ਬਚ ਕੇ ਰਹਿਣਾ ਚਾਹੀਦਾ ਏ, ਜੋ ਸਾਡੀ ਤਰੱਕੀ ਪ੍ਰਤੀ ਦੁਸ਼ਮਣੀ ਭਰੇ ਇਰਾਦੇ ਰੱਖਦੇ ਨੇ। ਉਪ ਰਾਸ਼ਟਰਪਤੀ ਨੇ ਕਿਹਾ ਕਿ, ਉਹ ਦੁਖੀ ਅਤੇ ਪ੍ਰੇਸ਼ਾਨ ਨੇ ਕਿ, ਕੁਝ ਰਾਜਾਂ ਨੇ ਰਾਸ਼ਟਰੀ ਸਿੱਖਿਆ ਨੀਤੀ 2020 ਨੂੰ ਨਹੀਂ ਅਪਣਾਇਆ। ਸ਼੍ਰੀ ਜਗਦੀਪ ਧਨਖੜ ਨੇ ਕਿਹਾ ਕਿ, ਦੇਸ਼ ਉਨ੍ਹਾਂ ਸੰਸਥਾਵਾਂ ਤੋਂ ਜਾਣੇ ਜਾਂਦੇ ਨੇ, ਜਿਨ੍ਹਾਂ ਨੂੰ ਉਹ ਬਣਾਉਂਦੇ ਨੇ। ਉਨ੍ਹਾਂ ਕਿਹਾ ਕਿ, ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਦੇਸ਼ ਦੇ ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ, ਕੈਬਨਿਟ ਮੰਤਰੀਆਂ, ਸਕੱਤਰਾਂ ਅਤੇ ਕੈਬਨਿਟ ਸਕੱਤਰਾਂ, ਹਥਿਆਰਬੰਦ ਫੌਜਾਂ ਵਿੱਚ ਵੱਖ-ਵੱਖ ਅਹੁਦਿਆਂ 'ਤੇ ਬਿਰਾਜਮਾਨ ਨੇ। ਉਨ੍ਹਾਂ ਨੇ ਪੱਤਰਕਾਰੀ, ਕਲਾ, ਸੱਭਿਆਚਾਰ ਅਤੇ ਖੇਡਾਂ ਵਿੱਚ ਵੀ ਮੱਲਾਂ ਮਾਰੀਆਂ ਨੇ। ਇਸ ਤੋਂ ਪਹਿਲਾਂ, ਜਗਦੀਪ ਧਨਖੜ ਅਤੇ ਉਨ੍ਹਾਂ ਦੀ ਪਤਨੀ ਡਾ. ਸੁਦੇਸ਼ ਧਨਖੜ ਨੇ ਚੰਡੀਗੜ੍ਹ 'ਚ ਪੰਜਾਬ

ਯੂਨੀਵਰਸਿਟੀ 'ਚ ਆਪਣੀਆਂ ਸਵਰਗਵਾਸੀ ਮਾਤਾਵਾਂ ਸ੍ਰੀਮਤੀ ਕੇਸਰੀ ਦੇਵੀ ਜੀ ਅਤੇ ਸ੍ਰੀਮਤੀ ਭਗਵਤੀ ਦੇਵੀ ਜੀ ਦੀ ਯਾਦ ਵਿੱਚ ਬੂਟੇ ਲਾਏ।

---------------------------------------------------------------------------

ਗੁਆਂਢੀ ਸੂਬੇ, ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਉੱਘੇ ਸਿਆਸੀ ਨੇਤਾ, ਓਮ ਪ੍ਰਕਾਸ਼ ਚੌਟਾਲਾ, ਦਾ ਅੱਜ ਉਨ੍ਹਾਂ ਦੇ ਜੱਦੀ ਜ਼ਿਲ੍ਹੇ ਸਿਰਸਾ ਦੇ ਪਿੰਡ ਤੇਜਾ ਖੇੜਾ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਸ੍ਰੀ ਚੌਟਾਲਾ ਦਾ ਕਲ ਦੁਪਹਿਰ ਬਾਅਦ ਗੁਰੂਗ੍ਰਾਮ'ਚ ਦੇਹਾਂਤ ਹੋ ਗਿਆ ਸੀ. ਓਹ 89 ਸਾਲਾਂ ਦੇ ਸਨ. ਹਰਿਆਣਾ ਦੇ ਪੰਜ ਵਾਰ ਦੇ ਮੁਖ - ਮੰਤਰੀ ਰਹਿ ਚੁਕੇ ਅਤੇ ਸਾਬਕਾ ਉਪ ਪ੍ਰਧਾਨ ਮੰਤਰੀ ਦੇਵੀ ਦੇ ਪੁੱਤਰ ਓਮ ਪ੍ਰਕਾਸ਼ ਚੌਟਾਲਾ ਨੂੰ ਓਹਨਾਂ ਦੀ ਗੁਰੂਗ੍ਰਾਮ ਸਥਿਤ ਰਿਹਾਇਸ਼'ਤੇ ਦਿਲ ਦਾ ਦੌਰਾ ਪਿਆ ਅਤੇ ਓਹਨਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ ਪਰ ਓਹ ਬਚ ਨਹੀਂ ਸਕੇ. ਜਨਵਰੀ 1935'ਚ ਜਨਮੇ ਓਮ ਪ੍ਰਕਾਸ਼ ਚੌਟਾਲਾ ਭਾਰਤੀ ਰਾਜਨੀਤੀ ਦੇ ਸਿਰਕਢ ਨੇਤਾਵਾਂ ਵਿਚੋਂ ਇੱਕ ਸਨ. ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਸਵਰਗਵਾਸੀ ਚੌਟਾਲਾ ਨੂੰ ਅੱਜ ਤੇਜਾ ਖੇੜਾ ਵਿਖੇ ਸ਼ਰਧਾਂਜਲੀ ਭੇਂਟ ਕੀਤੀ.

---

ਰਾਜ ਸਭਾ ਦੇ ਸਬਕ ਮੈਂਬਰ ਤੇ ਪੰਜਾਬ ਕਾਂਗਰਸ ਕਮੇਟੀ ਦੇ ਸਾਬਕ ਪ੍ਰਧਾਨ ਹਰਵਿੰਦਰ ਸਿੰਘ ਹੰਸਪਾਲ ਦਾ ਦੇਹਾਂਤ ਹੋ ਗਿਆ ਏ. ਓਹ 86 ਸਾਲਾਂ ਦੇ ਸਨ . ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਓਹਨਾਂ ਦੇ ਦੇਹਾਂਤ'ਤੇ ਦੁਖ ਦਾ ਪ੍ਰਗਟਾਵਾ ਕੀਤਾ ਏ.

---

ਪੰਜਾਬ ਵਿਚ ਅੱਜ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਤੇ ਫਗਵਾੜਾ ਅਤੇ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ 500 ਤੋਂ ਵੱਧ ਵਾਰਡਾਂ ਦੀਆਂ ਚੋਣਾਂ ਵਾਸਤੇ ਵੋਟਾਂ ਪਾਈਆਂ ਗਈਆਂ । ਸਵੇਰੇ 7 ਵਜੇ ਸ਼ੁਰੂ ਹੋਈ ਪੋਲਿੰਗ ਸ਼ਾਮ 4 ਵਜੇ ਤੱਕ ਜਾਰੀ ਰਹੀ । ਪੋਲਿੰਗ ਲਈ ਈ. ਵੀ. ਐਮਜ਼. (EVMs) ਦੀ ਵਰਤੋਂ ਕੀਤੀ ਗਈ ।ਵੋਟਿੰਗ ਕੁਲ ਮੁਲਾ ਕੇ ਅਮਨੋ – ਅਮਨ ਨਾਲ ਪੂਰੀ ਹੋਈ. ਵੋਟਾਂ ਦੀ ਗਿਣਤੀ ਜਾਰੀ ਏ. ਅਨੁਮਾਨ ਏ ਕਿ ਇਹਨਾਂ ਚੋਣਾਂ ਲਈ ਤਕਰੀਬਨ 60 ਫੀਸਦੀ ਵੋਟਿੰਗ ਹੋਈ ਏ.

---

ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀPUNJAB

ELECTION ਪੰਜਾਬ ਵਿਚ ਅੱਜ ਪੰਜ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਤੇ ਫਗਵਾੜਾ ਅਤੇ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ 500 ਤੋਂ ਵੱਧ ਵਾਰਡਾਂ ਦੀਆਂ ਚੋਣਾਂ ਵਾਸਤੇ ਵੋਟਾਂ ਪਾਈਆਂ ਗਈਆਂ। ਸਵੇਰੇ 7 ਵਜੇ ਸ਼ੁਰੂ ਹੋਈ ਪੋਲਿੰਗ ਸ਼ਾਮ 4 ਵਜੇ ਤੱਕ ਜਾਰੀ ਰਹੀ। ਪੋਲਿੰਗ ਲਈ ਈ. ਵੀ. ਐਮਜ਼. (EVMs) ਦੀ ਵਰਤੋਂ ਕੀਤੀ ਗਈ।ਵੋਟਿੰਗ ਕੁਲ ਮੁਲਾ ਕੇ ਅਮਨੋ – ਅਮਨ ਨਾਲ ਪੂਰੀ ਹੋਈ. ਵੋਟਾਂ ਦੀ ਗਿਣਤੀ ਜਾਰੀ ਏ. ਅਨੁਮਾਨ ਏ ਕਿ ਇਹਨਾਂ ਚੋਣਾਂ ਲਈ ਤਕਰੀਬਨ 60 ਫੀਸਦੀ ਵੋਟਿੰਗ ਹੋਈ ਏ. ਸ੍ਰੀ ਅਮਨ ਅਰੋੜਾ ਨੇ ਪਹਿਲੇ ਸਿੱਖ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਫ਼ਲਸਫ਼ੇ, “ਪਵਣੁ ਗੁਰੂ ਪਾਣੀ ਪਿਤਾ, ਮਾਤਾ ਧਰਤਿ ਮਹਤੁ” ਭਾਵ ਹਵਾ ਗੁਰੂ, ਪਾਣੀ ਪਿਤਾ ਅਤੇ ਧਰਤੀ ਮਾਤਾ ਏ, ਦਾ ਹਵਾਲਾ ਦਿੰਦਿਆਂ ਕਿਹਾ ਕਿ ਨਿਰੰਤਰ ਰਹਿਣ ਯੋਗ ਭਵਿੱਖ ਦੀ ਪ੍ਰਾਪਤੀ ਲਈ ਪੰਜਾਬ ਵੱਲੋਂ ਰਿਵਾਇਤੀ ਈਂਧਨ 'ਤੇ ਨਿਰਭਰਤਾ ਨੂੰ ਘਟਾਉਣ ਅਤੇ ਚੁਗਿਰਦੇ ਪਖੀ ਊਰਜਾ ਵੱਲ ਤਬਦੀਲੀ ਕਰਨ ਸਬੰਧੀ ਰਣਨੀਤੀ 'ਤੇ ਕੰਮ ਕੀਤਾ ਜਾ ਰਿਹਾ ਏ। ਉਹ ਇੱਥੇ ਇੱਕ ਹੋਟਲ ਵਿੱਚ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਬਿਜਲੀ ਮੰਤਰਾਲੇ ਦੇ ਊਰਜਾ ਕੁਸ਼ਲਤਾ ਬਾਰੇ ਬਿਉਰੋ ਦੇ ਸਹਿਯੋਗ ਨਾਲ ਸੂਬਾ

ਪੱਧਰੀ ਊਰਜਾ ਸੰਭਾਲ ਦਿਵਸ ਮਨਾਉਣ ਲਈ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸੈਂਕੜੇ ਸਾਲ ਪਹਿਲਾਂ ਸਾਡੇ ਪਹਿਲੇ ਗੁਰੂ ਸਾਹਿਬ ਜੀ ਨੇ ਹਵਾ ਨੂੰ ਗੁਰੂ ਦਾ ਦਰਜਾ ਦਿੱਤਾ। ਉਹਨਾਂ ਕਿਹਾ ਕਿ ਉਹਨਾਂ ਨੂੰ ਇਸ ਗੱਲ ਦੀ ਖੁਸ਼ੀ ਏ ਕਿ ਆਖ਼ਰਕਾਰ ਵਿਸ਼ਵ ਹੁਣ ਜਲਵਾਯੂ ਤਬਦੀਲੀ ਦੀ ਸੱਚਾਈ ਪ੍ਰਤੀ ਜਾਗਰੂਕ ਹੋ ਰਿਹਾ ਏ ਅਤੇ ਸਮੇਂ ਦੀ ਲੋੜ ਏ ਕਿ ਸਾਰੇ ਇਸ ਸੰਕਟ ਦੀ ਗੰਭੀਰਤਾ ਨੂੰ ਸਵੀਕਾਰ ਕਰਨ ਅਤੇ ਸਾਡੀ ਧਰਤੀ ਦੀ ਸੁਰੱਖਿਆ ਲਈ ਮਿਲ ਕੇ ਕੰਮ ਕਰਨ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਕੂਲਾਂ ਸਮੇਤ 1 ਹਜ਼ਾਰ ਤੋਂ ਵੱਧ ਸਰਕਾਰੀ ਇਮਾਰਤਾਂ ਨੂੰ ਊਰਜਾ ਕੁਸ਼ਲ ਬਣਾ ਕੇ 6 ਹਜ਼ਾਰ 800 ਮੈਗਾਵਾਟ ਨੂੰ ਨਵਿਆਉਣਯੋਗ ਊਰਜਾ ਵੱਲ ਸਫ਼ਲਤਾ ਨਾਲ ਤਬਦੀਲ ਕੀਤਾ ਏ. 6 ਹਜ਼ਾਰ 200 ਮੈਗਾਵਾਟ ਨੂੰ ਨਵਿਆਉਣਯੋਗ ਊਰਜਾ ਵਿੱਚ ਤਬਦੀਲ ਕਰਨ ਸਬੰਧੀ ਇੱਕ ਹੋਰਪ੍ਰੋਜੈਕਟ ਪ੍ਰਕਿਰਿਆ ਅਧੀਨ ਏ । ਇਸ ਤੋਂ ਇਲਾਵਾ ਸੂਬੇ ਵਿੱਚ 2.16 ਲੱਖ ਊਰਜਾ ਕੁਸ਼ਲ ਬੀ.ਈ.ਈ. 4 ਸਟਾਰ ਰੇਟਿੰਗ ਵਾਲੇ ਖੇਤੀ ਪੰਪ-ਸੈੱਟ ਲਗਾਏ ਗਏ ਨੇ. ਸੂਬੇ ਵਿੱਚ 750 ਤੋਂ ਵੱਧ ਇਮਾਰਤਾਂ ਈ.ਸੀ.ਬੀ.ਸੀ. ਅਨੁਕੂਲ ਨੇ. ਪੰਜਾਬ ਨੂੰ ਊਰਜਾ ਕੁਸ਼ਲ ਸੂਬੇ ਵਿੱਚ ਤਬਦੀਲ ਕਰਨ ਲਈ ਉਨ੍ਹਾਂ ਨੇ ਸੂਬਾ ਵਾਸੀਆਂ ਨੂੰ ਸਰਕਾਰ ਨੂੰ ਸਹਿਯੋਗ ਦੇਣ ਦੀ ਵੀ ਅਪੀਲ ਕੀਤੀ। ਇਸ ਦੌਰਾਨ ਉਨ੍ਹਾਂ ਨੇ ਊਰਜਾ ਕੁਸ਼ਲਤਾ

ਤਕਨਾਲੋਜੀ ਅਤੇ ਊਰਜਾ ਸੰਭਾਲ ਦਿਵਸ ਸਮਾਰੋਹ ਬਾਰੇ ਨੁਮਾਇਸ਼ ਦਾ ਉਦਘਾਟਨ ਵੀ ਕੀਤਾ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਯੂ.ਡੀ.ਆਈ.ਡੀ ਕਾਰਡ ਵਿੱਚ ਖਾਮੀਆਂ ਨੂੰ ਦੂਰ ਕਰਨ ਲਈ 23 ਦਸੰਬਰ ਨੂੰ ਤਰਨਤਾਰਨ ਵਿੱਚ ਵਿਸ਼ੇਸ਼ ਕੈਂਪ ਲਾਇਆ ਜਾਵੇਗਾ। ਇਹ ਗੱਲ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਦਿੱਤੀ । ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਦਿਵਿਆਂਗਜਨਾਂ ਦੇ 100 ਫੀਸਦੀ ਅੰਗਹੀਣ ਹੋਣ ਦੇ ਬਾਵਜੂਦ ਉਹਨਾਂ ਦੀ ਦਿਵਿਆਂਗਤਾ ਯੂ.ਡੀ.ਆਈ.ਡੀ ਕਾਰਡ ਵਿੱਚ ਘੱਟ ਦਰਸਾਈ ਗਈ, ਜਿਸ ਕਾਰਨ ਉਹਨਾਂ ਨੂੰ ਵੱਖ-ਵੱਖ ਸਕੀਮਾਂ ਦੇ ਲਾਭ ਨਹੀਂ ਮਿਲ ਰਹੇ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਦਿਵਿਆਂਗਜਨਾਂ ਨੂੰ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਸਾਰੀਆਂ ਸਕੀਮਾਂ ਅਤੇ ਸੇਵਾਵਾਂ ਦਾ ਲਾਭ ਇੱਕੋ ਕਾਰਡ ਦੇ ਆਧਾਰ ’ਤੇ ਦੇਣ ਲਈ ਵਿਲਖਣ ਦਿਵਿਆਂਗਤਾ ਸ਼ਨਾਖਤੀ ਕਾਰਡ ਭਾਵ (ਯੂ.ਡੀ.ਆਈ.ਡੀ) ਜਨਰੇਟ ਕੀਤੇ ਜਾਂਦੇ ਨੇ. ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦਿਵਿਆਂਜਨਾਂ ਦੀ ਭਲਾਈ ਲਈ ਵਚਨਬੱਧ ਏ । ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ

ਯੂ.ਡੀ.ਆਈ.ਡੀ ਕਾਰਡ ਵਿੱਚ ਖਾਮੀਆਂ ਨੂੰ ਦੂਰ ਕਰਨ ਲਈ ਵਿਸ਼ੇਸ਼ ਕੈਂਪ ਲਾਏ ਜਾਣਗੇ। ਇਥੇ ਜ਼ਿਕਰਯੋਗ ਏ ਕਿ ਪਿਛਲੇ ਦਿਨੀ ਤਰਨ ਤਾਰਨ ਵਿਖੇ ਹੋਏ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੇ ਸਲਾਨਾ ਸਮਾਗਮ ਵਿਖੇ ਯੂ.ਡੀ.ਆਈ.ਡੀ ਕਾਰਡ ਵਿੱਚ ਦਰੁੱਸਤੀਆਂ ਕਰਨ ਸਬੰਧੀ ਮੰਗ ਰੱਖੀ ਗਈ ਸੀ ਜਿਸ ਨੂੰ ਪੂਰਾ ਕਰਦਿਆਂ ਮੰਤਰੀ ਵੱਲੋਂ ਫੌਰੀ ਅਮਲੀ ਜਾਮਾ ਪਹਿਨਾਇਆ ਗਿਆ ਏ. ਕੈਬਨਿਟ ਮੰਤਰੀ ਨੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰਾਂ ਨੂੰ ਆਪਣੇ ਜਿਲ੍ਹੇ ਦੇ ਸਿਵਲ ਸਰਜਨ ਨਾਲ ਤਾਲਮੇਲ ਕਰਕੇ ਜਿਲ੍ਹਾ ਪੱਧਰ ਤੇ ਵਿਸ਼ੇਸ ਕੈਂਪ ਲਾਉਣ ਲਈ ਵੀ ਹਦਾਇਤ ਕੀਤੀ ਤਾਂ ਜੋ ਦਿਵਿਆਂਗਜਨ ਸਰਕਾਰੀ ਸਕੀਮਾਂ ਦਾ ਲਾਭ ਲੈ ਸਕਣ।

---------------------------------------------------------------------------------

ਥਾਣਾ ਖਾਲੜਾ ਦੀ ਪੁਲਿਸ ਨੇ ਸਰਹੱਦ ਨਾਲ ਲੱਗਦੇ ਪਿੰਡ ਡੱਲ ਦੇ ਖੇਤਾਂ ਵਿੱਚੋਂ ਸਰਹੱਦ ਪਾਰੋਂ ਡ੍ਰੋਨ ਰਾਹੀਂ ਆਈ ਅੱਧਾ ਕਿੱਲੋ ਤੋਂ ਵੱਧ ਹੈਰੋਇਨ ਦਾ ਪੈਕੇਟ ਬਰਾਮਦ ਕੀਤਾ ਏ। ਭਿੱਖੀਵਿੰਡ ਦੇ ਡੀਐੱਸਪੀ, ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਥਾਣਾ ਖਾਲੜਾ ਦੇ ਮੁਖੀ ਨੂੰ ਕੁਲਵੰਤ ਸਿੰਘ ਵਾਸੀ ਡੱਲ ਨੇ ਆਪਣੇ ਕਣਕ ਦੇ ਖੇਤ ਵਿਚ ਨਸ਼ੀਲਾ ਪਦਾਰਥ ਹੋਣ ਦਾ ਖਦਸ਼ਾ ਜ਼ਾਹਿਰ ਕੀਤਾ ਸੀ। ਜਿਸਦੇ ਚੱਲਦਿਆਂ ਪੁਲਿਸ ਪਾਰਟੀ ਮੌਕੇ ’ਤੇ ਪੁੱਜੀ ਖੇਤਾਂ

ਵਿਚ ਬੀਐੱਸਐੱਫ ਦੇ ਅਧਿਕਾਰੀਆਂ ਸਮੇਤ ਤਲਾਸ਼ੀ ਮੁਹਿੰਮ ਚਲਾਈ. ਉਥੋਂ 565 ਗ੍ਰਾਮ ਦਾ ਇਕ ਪੈਕੇਟ ਬਰਾਮਦ ਹੋਇਆ। ਜਿਸ ਵਿੱਚੋਂ 511 ਗ੍ਰਾਮ ਹੈਰੋਇਨ ਮਿਲੀ ਏ । ਉਨ੍ਹਾਂ ਦੱਸਿਆ ਕਿ ਇਸ ਖੇਪ ਨੂੰ ਕਬਜ਼ੇ ਵਿਚ ਲੈ ਕੇ ਅਣਪਛਾਤੇ ਵਿਅਕਤੀ ਵਿਰੁੱਧ NDPS ਅਤੇ ਏਅਰ ਕਰਾਫਟ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਏ ।

---------------------------------------------------------------------------------

ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਪਠਾਨਕੋਟ ਨੇ ਇੱਕ ਗੈਂਗਸਟਰ ਮਾਡਿਊਲ ਦੇ ਦੋ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਪੁਲਿਸ ਟੀਮਾਂ ਨੇ ਉਹਨਾਂ ਕੋਲੋਂ ਦੋ ਆਧੁਨਿਕ ਪਿਸਤੌਲਾਂ ਸਮੇਤ ਚਾਰ ਮੈਗਜ਼ੀਨਾਂ ਅਤੇ 14 ਕਾਰਤੂਸ ਬਰਾਮਦ ਕੀਤੇ ਨੇ. ਇਹ ਜਾਣਕਾਰੀ ਅੱਜ ਇੱਥੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਟਾਲਾ ਦੇ ਸੁਨੀਲ ਕੁਮਾਰ ਉਰਫ਼ ਆਸ਼ੂ, ਅਤੇ ਦਿਲਪ੍ਰੀਤ ਸਿੰਘ ਉਰਫ਼ ਦਿਲ ਵਜੋਂ ਹੋਈ ਏ. ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲਗਾ ਏ ਕਿ ਮੁਲਜ਼ਮਾਂ ਨੂੰ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ ’ਤੇ ਅੰਮ੍ਰਿਤਸਰ ਦੇ ਅਜਨਾਲਾ ਇਲਾਕੇ ਵਿੱਚੋਂ ਹਥਿਆਰਾਂ ਦੀ ਖੇਪ ਮਿਲੀ ਸੀ ਅਤੇ ਇਹ ਖੇਪ ਅੱਗੇ ਕਿਸੇ ਅਣਪਛਾਤੀ ਧਿਰ ਨੂੰ ਸੌਂਪਣ ਦੇ ਨਿਰਦੇਸ਼

ਦਿੱਤੇ ਗਏ ਸਨ। ਉਹਨਾਂ ਅੱਗੇ ਦੱਸਿਆ ਕਿ ਹਥਿਆਰਾਂ ਦੇ ਸਰੋਤ ਦਾ ਪਤਾ ਲਾਉਣ ਅਤੇ ਨੈਟਵਰਕ ਵਿੱਚ ਸ਼ਾਮਲ ਹੋਰ ਸ਼ੱਕੀ ਵਿਅਕਤੀਆਂ ਦੀ ਪਛਾਣ ਲਈ ਜਾਂਚ ਜਾਰੀ ਏ।

-------------------------------------------------------------------------------

ਭਾਰਤੀ ਮੌਸਮ ਵਿਭਾਗ ਨੇ ਸੋਮਵਾਰ ਤੱਕ, ਪੰਜਾਬ ਅਤੇ ਰਾਜਸਥਾਨ 'ਚ ਗੰਭੀਰ ਸੀਤ ਲਹਿਰ ਦੇ ਹਾਲਾਤ ਦੀ ਪੇਸ਼ੀਨਗੋਈ ਕੀਤੀ ਏ। ਮੌਸਮ ਵਿਭਾਗ ਨੇ ਕਿਹਾ ਏ ਕਿ, ਅਗਲੇ 5 ਦਿਨਾਂ ਦੌਰਾਨ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ 'ਚ ਵੀ ਅਜਿਹੇ ਹਾਲਾਤ ਬਣੇ ਰਹਿਣਗੇ। ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ BYTE

-------------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ  ਕੁਵੈਤ ਦੇ ਦੋ ਦਿਨਾਂ ਇਤਿਹਾਸਕ ਦੌਰੇ ‘ਤੇ ਉਥੇ ਪਹੁੰਚ ਗਏ ਨੇ.
- ਉਪ-ਰਾਸ਼ਟਰਪਤੀ ਸ਼੍ਰੀ ਜਗਦੀਪ ਧਨਖੜ ਨੇ ਅੱਜ ਚੰਡੀਗੜ੍ਹ ਵਿੱਚ ਪੰਜਾਬ ਯੂਨੀਵਰਸਿਟੀ ਦੀ 5ਵੀਂ ਗਲੋਬਲ ਐਲੂਮਨੀ ਮੀਟ 2024 ਦੇ ਉਦਘਾਟਨੀ ਸਮਾਗਮ ਦੀ ਪ੍ਰਧਾਨਗੀ ਕੀਤੀ।

- ਗੁਆਂਢੀ ਸੂਬੇ, ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਉੱਘੇ ਸਿਆਸੀ ਨੇਤਾ, ਓਮ ਪ੍ਰਕਾਸ਼ ਚੌਟਾਲਾ, ਦਾ ਅੱਜ ਉਨ੍ਹਾਂ ਦੇ ਜੱਦੀ ਜ਼ਿਲ੍ਹੇ ਸਿਰਸਾ ਦੇ ਪਿੰਡ ਤੇਜਾ ਖੇੜਾ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕਰ ਦਿੱਤਾ ਗਿਆ।
- ਪੰਜਾਬ ਵਿਚ ਅੱਜ ਪੰਜ ਨਗਰ ਨਿਗਮਾਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ 500 ਤੋਂ ਵੱਧ ਵਾਰਡਾਂ ਦੀਆਂ ਚੋਣਾਂ ਵਾਸਤੇ ਵੋਟਾਂ ਪਾਈਆਂ ਗਈਆਂ।
- ਮੌਸਮ ਵਿਭਾਗ ਨੇ ਸੋਮਵਾਰ ਤੱਕ, ਪੰਜਾਬ 'ਚ ਗੰਭੀਰ ਸੀਤ ਲਹਿਰ ਦੇ ਹਾਲਾਤ ਦੀ ਪੇਸ਼ੀਨਗੋਈ ਕੀਤੀ ਏ।